**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਸ਼ੀਲਾ ਰਾਣੀ, (8699174192)
ਪਤਨੀ ਸ਼੍ਰੀ ਰਾਧੇ ਸ਼ਿਆਮ,
ਵਾਸੀ ਖਲੀਫਾ ਗਲੀ, ਸੰਗਰੂਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਸਪੈਕਟਰ ਜਨਰਲ, ਪੁਲਿਸ,
ਪਟਿਆਲਾ ਰੇਂਜ, ਪਟਿਆਲਾ। -------ਉੱਤਰਦਾਤਾ

**ਅਪੀਲ ਕੇਸ ਨੰ:1399/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. (80545-45411)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 23-10-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 10-10-2017 ਨੂੰ ਕੀਤੀ ਗਈ ਮੇਲ, ਮਿਤੀ 14-10-17 ਨੂੰ ਯਸ਼ਪਾਲ ਅਤੇ ਉਸ ਦੇ ਆਪਣੇ ਖਿਲਾਫ ਝੂਠਾ ਕਲਦਰਾ ਰਪਟ ਨੰ:27 ਅਤੇ ਦਰਖਾਸਤ ਮਿਤੀ 28-02-2018 ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 22-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 15-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 18-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 17-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:54-ਅਪੀਲ, ਮਿਤੀ 16-07-2019 ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਸੂਚਨਾ ਦਿੱਤੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਉੱਤਰ ਨੂੰ ਵਾਚਣ ਤੇ ਇਹ ਪਾਇਆ ਗਿਆ ਕਿ ਇਹ ਉੱਤਰ ਸਹੀ ਨਹੀਂ ਹੈ। ਇਸ ਬਾਰੇ ਹਾਜ਼ਰ ਉੱਤਰਦਾਤਾ ਨੂੰ ਸਮਝਾ ਦਿੱਤਾ ਗਿਆ ਹੈ।ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਨੂੰ ਨੁਕਤਾਵਾਰ ਵਿਸਥਾਰ-ਪੂਰਵਕ ਜਵਾਬ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਈ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।ਫਿਰ ਵੀ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਸੂਚਨਾ ਪ੍ਰਾਪਤ ਹੋਣ ਤੇ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 14-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 17 ਜੁਲਾਈ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ ਬਾਵਾ, (97816-00911)
ਮਾਰਫ਼ਤ ਕਰਨਲ ਗੁਰਲਾਬ ਸਿੰਘ,
ਮਕਾਨ ਨੰ: 226, ਵਾਰਡ ਨੰ:6, ਪ੍ਰੀਤ ਨਗਰ,
ਸਰਹਿੰਦ, ਜ਼ਿਲ੍ਹਾ ਫਤਿਹਗੜ੍ਹ ਸਾਹਿਬ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਹਾਇਕ ਰਜਿਸਟਰਾਰ,
ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ,
ਫਤਿਹਗੜ੍ਹ ਸਾਹਿਬ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਜਿਸਟਰਾਰ,
ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ,
ਫਤਿਹਗੜ੍ਹ ਸਾਹਿਬ। --------ਉੱਤਰਦਾਤਾ

**<u>ਅਪੀਲ ਕੇਸ ਨੰ:1402 /2019</u>**

**<u>ਹਾਜ਼ਰ:-</u>**

1) ਸ਼੍ਰੀ ਤੇਜਿੰਦਰ ਸਿੰਘ ਬਾਵਾ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਾਹੁਲ ਧਵਨ, ਲੋਕ ਸੂਚਨਾ ਅਧਿਕਾਰੀ (98766-87702)।

**<u>ਹੁਕਮ:</u>**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 16-11-2018, ਲੋਕ ਸੂਚਨਾ ਅਧਿਕਾਰੀ ਦਫਤਰ ਸਹਾਇਕ ਰਜਿਸਟਰਾਰ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਦਫ਼ਤਰੀ ਹੁਕਮ ਨੰ:SGGSWU/Reg/3354, ਮਿਤੀ 16-09-2016 ਅਨੁਸਾਰ ਮਿਤੀ 29-12-2015 ਨੂੰ ਹੋਈ ਮੀਟਿੰਗ ਵਿੱਚ ਯੂਨੀਵਰਸਿਟੀ ਦੀ ਸਿੰਡੀਕੇਟ ਵੱਲੋਂ ਲਏ ਗਏ ਫੈਸਲਿਆਂ ਨਾਲ ਸਬੰਧਤ 07 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 05-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 15-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 18-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 17-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਰਾਹੁਲ ਧਵਨ, ਲੋਕ ਸੂਚਨਾ ਅਧਿਕਾਰੀ ਨੇ ਕਿਹਾ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ ਅਤੇ ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:230/ਆਰ.ਟੀ.ਆਈ., ਮਿਤੀ 12-07-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ।ਅਪੀਲਕਰਤਾ ਨੇ ਕਿਹਾ ਕਿ ਉਹ ਉੱਤਰਦਾਤਾ ਕੋਲੋਂ ਪ੍ਰਾਪਤ ਹੋਈ ਸੂਚਨਾ ਦੇ ਕੇਵਲ ਨੁਕਤਾ ਨੰ:1 ਬਾਰੇ ਸੰਤੁਸ਼ਟ ਹੈ ਅਤੇ ਬਾਕੀ ਨੁਕਤਿਆਂ ਬਾਰੇ ਉੱਤਰਦਾਤਾ ਦੇ ਜਵਾਬ ਤੋਂ ਸੰਤੁਸ਼ਟ ਨਹੀਂ ਹੈ। ਇਸ ਲਈ ਉਸ ਨੇ ਮੁਕੰਮਲ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **<u>ਅਗਲੀ ਸੁਣਵਾਈ ਮਿਤੀ 14-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ</u>** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 17 ਜੁਲਾਈ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ. ਪਿੰਕੀ,
ਪੁੱਤਰੀ ਸ਼੍ਰੀ ਮੇਜਰ ਸਿੰਘ,
ਪਿੰਡ ਮਗੜ ਕਲ੍ਹਾਂ,
ਡਾਕਖਾਨਾ ਬਰੀਵਾਲਾ, ਜ਼ਿਲ੍ਹਾ ਮੁਕਤਸਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ ਪੰਜਾਬ,
ਸੈਕਟਰ-68, ਮੁਹਾਲੀ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:375/2019**

**ਹਾਜ਼ਰ:-**

1) ਮਿਸ. ਪਿੰਕੀ, ਸ਼ਿਕਾਇਤਕਰਤਾ ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 20-10-2018, ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 06-11-2017 ਨੂੰ ਸਟੈਨੋਟਾਈਪਿਸਟ ਲਈ ਦਿੱਤੇ ਗਏ ਪੇਪਰ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-04-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 18-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 17-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਮੰਗੀ ਗਈ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਪਰੰਤੂ ਇੱਕ ਵੱਖਰੇ ਕੇਸ ਦੀ ਪੈਰਵਾਈ ਲਈ ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ ਪੰਜਾਬ, ਮੁਹਾਲੀ ਤੋਂ ਅੱਜ ਹਾਜ਼ਰ ਹੋਏ ਸ਼੍ਰੀ ਸੁਰਜੀਤ ਸਿੰਘ, ਸੀਨੀਅਰ ਸਹਾਇਕ (97794-56604) ਨੂੰ ਇਸ ਕੇਸ ਦੇ ਵੇਰਵੇ ਬਾਰੇ ਨੋਟ ਕਰਵਾ ਦਿੱਤਾ ਗਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 31-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 17 ਜੁਲਾਈ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਲਖਵਿੰਦਰ ਸਿੰਘ,
ਪੁੱਤਰ ਸ਼੍ਰੀ ਗੁਰਜੰਟ ਸਿੰਘ,
ਪਿੰਡ ਤੇ ਡਾਕਖਾਨਾ ਪੱਟੀ ਸਦੀਕ,
ਤਹਿਸੀਲ ਅਬੋਹਰ। ਜ਼ਿਲ੍ਹਾ ਫਾਜ਼ਿਲਕਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ,
ਫਿਰੋਜ਼ਪੁਰ ਡਿਵੀਜਨ ਫਿਰੋਜ਼ਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਕਮਿਸ਼ਨਰ,
ਫਿਰੋਜ਼ਪੁਰ ਡਿਵੀਜਨ,ਫਿਰੋਜਪੁਰ। -------ਉੱਤਰਦਾਤਾ

**ਅਪੀਲ ਕੇਸ ਨੰ:1350/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਲਖਬੀਰ ਸਿੰਘ, ਕਲਰਕ (78378-68766) ਦਫਤਰ ਡਿਪਟੀ ਕਮਿਸ਼ਨਰ, ਫਾਜ਼ਿਲਕਾ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-01-2019, ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ, ਫਿਰੋਜ਼ਪੁਰ ਡਿਵੀਜਨ ਫਿਰੋਜ਼ਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼ਿਕਾਇਤ ਮੀਮੋ: ਨੰ:ਜੀ.ਸੀ.-2/2018/2154, ਮਿਤੀ 21-05-2018 ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-02-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 09-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 18-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 17-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਲਖਬੀਰ ਸਿੰਘ, ਕਲਰਕ ਦਫਤਰ ਡਿਪਟੀ ਕਮਿਸ਼ਨਰ, ਫਾਜ਼ਿਲਕਾ ਨੇ ਕਿਹਾ ਕਿ ਉਨ੍ਹਾਂ ਨੂੰ ਅੱਜ ਦੀ ਸੁਣਵਾਈ ਲਈ ਨੋਟਿਸ ਕਮਿਸ਼ਨਰ, ਫਿਰੋਜ਼ਪੁਰ ਦੇ ਦਫ਼ਤਰ ਕੋਲੋਂ ਕੱਲ੍ਹ ਹੀ ਪ੍ਰਾਪਤ ਹੋਇਆ ਸੀ ਅਤੇ ਉਸ ਨੇ ਅੱਜ ਇੱਕ ਕੋਰਟ ਕੇਸ ਦੇ ਸਬੰਧ ਵਿੱਚ ਹਾਈ ਕੋਰਟ ਵਿਖੇ ਹਾਜ਼ਰ ਹੋਣਾ ਸੀ ਜਿਸ ਕਰਕੇ ਅਪੀਲਕਰਤਾ ਨੂੰ ਸੂਚਨਾ ਨਹੀਂ ਭੇਜੀ ਜਾ ਸਕੀ। ਇਸ ਕਰਕੇ ਹਾਜ਼ਰ ਉੱਤਰਦਾਤਾ ਵੱਲੋਂ ਕੁੱਝ ਸਮੇਂ ਦੀ ਮੰਗ ਕੀਤੀ ਗਈ ਹੈ।

3 ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ।ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 31-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 17 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਵਿੰਦਰ ਸਿੰਘ, (90418-00247)
ਪੁੱਤਰ ਸ਼੍ਰੀ ਸੋਹਣ ਸਿੰਘ,
ਪਿੰਡ ਲੋਹਟ, ਡਾਕਖਾਨਾ ਬਲਾਚੌਰ,
ਜ਼ਿਲ੍ਹਾ ਐੱਸ.ਬੀ.ਐੱਸ.ਨਗਰ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ,
ਐੱਸ.ਜੀ.ਐੱਚ.ਆਰ.ਐੱਸ .ਕਾਲਿਜ ਫਾਰ ਵੂਮੈਨ, ਚੱਬੇਵਾਲ,
ਜ਼ਿਲ੍ਹਾ ਹੁਸ਼ਿਆਰਪੁਰ। ------ਉੱਤਰਦਾਤਾ

<u>ਸ਼ਿਕਾਇਤ ਕੇਸ ਨੰ:360/2019</u>

**<u>ਹਾਜ਼ਰ:-</u>**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਵਿਕਰਮ ਸਿੰਘ ਚੰਦੇਲ, ਐਡਵੋਕੇਟ (97817-50447)।

**<u>ਹੁਕਮ:</u>**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 25-01-2018 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ, ਐੱਸ.ਜੀ.ਐੱਚ.ਆਰ.ਐੱਸ .ਕਾਲਿਜ ਫਾਰ ਵੂਮੈਨ, ਚੱਬੇਵਾਲ, ਜ਼ਿਲ੍ਹਾ ਹੁਸ਼ਿਆਰਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਕਾਲਿਜ ਛੱਡਣ ਲਈ ਮਿਤੀ 08-10-2017 ਨੂੰ ਨੋਟਿਸ ਦੇਣ ਦੇ ਬਾਵਜੂਦ ਕਾਲਿਜ ਵੱਲੋਂ ਉਸ ਦੀ ਸੈਲਰੀ ਰੋਕਣ ਅਤੇ ਰੈਗੂਲਰ ਟੀਚਿੰਗ ਅਤੇ ਨਾਨ-ਟੀਚਿੰਗ ਵੱਲੋਂ ਇੱਕ ਮਹੀਨੇ ਦੇ ਨੋਟਿਸ ਨਾਲ ਕਾਲਿਜ ਛੱਡਣ ਤੇ ਦਿੱਤੀ ਜਾਣ ਵਾਲੀ ਸੈਲਰੀ ਨਾਲ ਸਬੰਧਤ ਨਿਯਮਾਂ ਅਦਿ ਨਾਲ ਸਬੰਧਤ 11 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 09-04-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 18-06-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 17-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਵਿਕਰਮ ਸਿੰਘ ਚੰਦੇਲ, ਐਡਵੋਕੇਟ ਨੇ ਕਿਹਾ ਕਿ ਉਨ੍ਹਾਂ ਦਾ ਕਾਲਿਜ "ਲੋਕ ਅਥਾਰਟੀ" ਨਹੀਂ ਹੈ ਅਤੇ ਸੂਚਨਾ ਦਾ ਅਧਿਕਾਰ ਐਕਟ, 2005 ਦੇ ਅਧਿਕਾਰ ਖੇਤਰ ਵਿੱਚ ਨਹੀਂ ਆਉਂਦਾ ਜਿਸ ਕਰ ਕੇ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਨਹੀਂ ਕੀਤੀ ਜਾ ਸਕਦੀ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਨ੍ਹਾਂ ਦਾ ਕਾਲਿਜ ਸੂਚਨਾ ਦਾ ਅਧਿਕਾਰ ਐਕਟ, 2005 ਦੇ ਅਧਿਕਾਰ ਖੇਤਰ ਵਿੱਚ ਨਾ ਆਉਣ ਬਾਰੇ ਹਲਫੀਆ-ਬਿਆਨ ਰਾਹੀਂ ਵਿਸਥਾਰ-ਪੂਰਵਕ ਜਵਾਬ ਪੇਸ਼ ਕੀਤਾ ਜਾਵੇ। ਸ਼ਿਕਾਇਤਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **<u>ਅਗਲੀ ਸੁਣਵਾਈ ਮਿਤੀ 05-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ</u>** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 17 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਨਿਰਵੈਰ ਸਿੰਘ,
ਪੁੱਤਰ ਸ਼੍ਰੀ ਰਣਜੀਤ ਸਿੰਘ,
ਵਾਸੀ ਅਜੀਤ ਨਗਰ,
ਨੇੜੇ ਡੀ.ਟੀ.ਓ. ਆਫ਼ਿਸ,
ਜ਼ਿਲ੍ਹਾ ਕਪੂਰਥਲਾ। --------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਕੱਤਰ,
ਅਧੀਨ ਸੇਵਾਵਾਂ ਚੋਣ ਬੋਰਡ ਪੰਜਾਬ,
ਸੈਕਟਰ-68, ਮੁਹਾਲੀ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:362/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੁਰਜੀਤ ਸਿੰਘ, ਸੀਨੀਅਰ ਸਹਾਇਕ (97794-56604)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 19-03-2019 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਅਧੀਨ ਸੇਵਾਵਾਂ ਚੋਣ ਬੋਰਡ ਪੰਜਾਬ ਵੱਲੋਂ ਮਿਤੀ 28-11-2015 ਇਸ਼ਤਿਹਾਰ ਨੰ:04 ਆਫ 2015 ਅਧੀਨ ਕਲਰਕ ਅਤੇ ਕਲਰਕ-ਕਮ-ਡਾਟਾ ਐਂਟਰੀ ਅਪਰੇਟਰਾਂ ਦੀਆਂ ਆਸਾਮੀਆਂ ਸਬੰਧੀ ਚੋਣ ਵਿਧੀ ਮੁਕੰਮਲ ਹੋਣ ਉਪਰੰਤ ਯੋਗ ਉਮੀਦਵਾਰਾਂ ਦੀ ਮਿਤੀ 04-10-2016 ਨੂੰ ਆਨਲਾਈਨ ਕੀਤੀ ਗਈ ਲਿਸਟ ਨਾਲ ਸਬੰਧਤ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 09-04-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 18-06-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 17-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਸੁਰਜੀਤ ਸਿੰਘ, ਸੀਨੀਅਰ ਸਹਾਇਕ ਨੇ ਕਿਹਾ ਹੈ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਬੋਰਡ ਦੀ ਵੈੱਬ-ਸਾਈਟ ਤੇ ਉਪਲਬਧ ਹੈ ਜਿਸ ਬਾਰੇ ਸ਼ਿਕਾਇਤਕਰਤਾ ਨੂੰ ਸੂਚਿਤ ਕੀਤਾ ਜਾ ਚੁੱਕਾ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:3/54/2017-ਅ1(ਆਰ.ਟੀ.ਆਈ.)/1165, ਮਿਤੀ 27-06-2019, ਜਿਸ ਦਾ ਇੱਕ ਉਤਾਰਾ ਸ਼ਿਕਾਇਤਕਰਤਾ ਨੂੰ ਵੀ ਪਿੱਠ ਅੰਕਿਤ ਹੈ, ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਭੇਜੇ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 17 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭਜਨ ਸਿੰਘ, (85289-09703)
ਪੁੱਤਰ ਸ਼੍ਰੀ ਜਾਗਰ ਸਿੰਘ,
ਮਕਾਨ ਨੰ: ਬੀ-3 -153, ਮੁਹੱਲਾ ਸੈਦਾਂ,
ਘਾਟੀ ਰਾਮਦਾਸੀਆ, ਲੁਧਿਆਣਾ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ ਆਫ਼ ਪੁਲਿਸ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਕਮਿਸ਼ਨਰ ਆਫ਼ ਪੁਲਿਸ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 1241/2019**

**ਹਾਜ਼ਰ:-**

1) ਸ਼੍ਰੀ ਭਜਨ ਸਿੰਘ, ਅਪੀਲਕਰਤਾ ।
2) ਉੱਤਰਦਾਤਾ ਵੱਲੋਂ ਸ਼੍ਰੀ ਪਵਨਦੇਵ ਸਿੰਘ, ਐਸ.ਆਈ. (78887-41866)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 04-12-2018, ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ ਆਫ਼ ਪੁਲਿਸ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਦੋਸ਼ੀਆਂ ਬਿੱਲੂ, ਬੰਟੀ, ਜੱਗੀ ਪੁੱਤਰਾਨ ਲੇਟ ਹਰਬੰਸ ਲਾਲ ਦੇ ਖਿਲਾਫ ਵੱਖ-ਵੱਖ ਮਿਤੀਆਂ ਨੂੰ ਵੱਖ-ਵੱਖ ਅਧਿਕਾਰੀਆਂ ਨੂੰ ਦਿੱਤੀਆ ਗਈਆਂ 10 ਦਰਖਾਸਤਾਂ ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 02-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 24-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 01-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਵਨਦੇਵ, ਐਸ.ਆਈ. ਨੇ ਪੱਤਰ ਨੰ:ਏ.ਸੀ. 1241/ਆਰ.ਟੀ.ਆਈ., ਮਿਤੀ 15-07-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਨੂੰ ਮਿਤੀ 05-07-2017 ਨੂੰ ਸੂਚਨਾ ਦਸਤੀ ਦਿੱਤੀ ਜਾ ਚੁੱਕੀ ਹੈ। ਹਾਜ਼ਰ ਉੱਤਰਤਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਮੰਨਿਆ ਹੈ ਕਿ ਉਸ ਨੂੰ ਸੂਚਨਾ ਪ੍ਰਾਪਤ ਹੋ ਗਈ ਹੈ ਅਤੇ ਉਹ ਸੂਚਨਾ ਤੋਂ ਸੰਤੁਸ਼ਟ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੜਕ ਸਿੰਘ ਬਰਾੜ)
**ਮਿਤੀ:** ਚੰਡੀਗੜ੍ਹ, 17 ਜੁਲਾਈ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭਜਨ ਸਿੰਘ,
ਪੁੱਤਰ ਸ਼੍ਰੀ ਜਾਗਰ ਸਿੰਘ,
ਮਕਾਨ ਨੰ: ਬੀ-3 -153, ਮੁਹੱਲਾ ਸੈਦਾਂ,
ਘਾਟੀ ਰਾਮਦਾਸੀਆ, ਲੁਧਿਆਣਾ। -------ਅਪੀਲਕਰਤਾ
ਬਨਾਮ
ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ ਆਫ਼ ਪੁਲਿਸ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਕਮਿਸ਼ਨਰ ਆਫ਼ ਪੁਲਿਸ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 1242/2019**

**ਹਾਜ਼ਰ:-**

1) ਸ਼੍ਰੀ ਭਜਨ ਸਿੰਘ, ਅਪੀਲਕਰਤਾ ।
2) ਉੱਤਰਦਾਤਾ ਵੱਲੋਂ ਸ਼੍ਰੀ ਪਵਨਦੇਵ ਸਿੰਘ, ਐਸ.ਆਈ. (78887-41866)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 23-06-2018, ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ ਆਫ਼ ਪੁਲਿਸ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਦੋਸ਼ੀਆਂ ਬਿੱਲੂ, ਬੰਟੀ, ਜੱਗੀ ਪੁੱਤਰਾਨ ਲੇਟ ਹਰਬੰਸ ਲਾਲ ਦੇ ਖਿਲਾਫ ਵੱਖ-ਵੱਖ ਮਿਤੀਆਂ ਨੂੰ ਵੱਖ-ਵੱਖ ਅਧਿਕਾਰੀਆਂ ਨੂੰ ਦਿੱਤੀਆ ਗਈਆਂ 10 ਦਰਖਾਸਤਾਂ ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 31-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 02-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 24-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 01-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਵਨਦੇਵ, ਐਸ.ਆਈ. ਨੇ ਪੱਤਰ ਨੰ:ਏ.ਸੀ. 1242/ਆਰ.ਟੀ.ਆਈ., ਮਿਤੀ 15-07-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਨੂੰ ਮਿਤੀ 05-07-2017 ਨੂੰ ਸੂਚਨਾ ਦਸਤੀ ਦਿੱਤੀ ਜਾ ਚੁੱਕੀ ਹੈ। ਹਾਜ਼ਰ ਉੱਤਰਤਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਮੰਨਿਆ ਹੈ ਕਿ ਉਸ ਨੂੰ ਸੂਚਨਾ ਪ੍ਰਾਪਤ ਹੋ ਗਈ ਹੈ ਅਤੇ ਉਹ ਸੂਚਨਾ ਤੋਂ ਸੰਤੁਸ਼ਟ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 17 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਮੇਸ਼ ਕੁਮਾਰ, (98781-09228)
ਮਕਾਨ ਨੰ: 231, ਵੀਰ ਕਲੋਨੀ,
ਬਠਿੰਡਾ-151001. ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਕੱਤਰ, ਪੰਜਾਬ ਸਰਕਾਰ,
ਪ੍ਰਸੋਨਲ ਵਿਭਾਗ, ਚੰਡੀਗੜ੍ਹ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:326/2019**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 01-07-2019 ਤੇ ਸ਼ਿਕਾਇਤਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 27-06-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਅਤੇ ਪੇਸ਼ੀ ਲਈ ਅਗਲੀ ਮਿਤੀ ਲਈ ਬੇਨਤੀ ਕੀਤੀ ਸੀ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਸ਼ਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 17-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਦੋਵਾਂ ਵਿੱਚੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਮੁੜ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਸ਼ਿਕਾਇਤਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 14-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 17 ਜੁਲਾਈ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਤਿੰਦਰ ਪਾਲ ਰੰਧਾਵਾ, (98559-85265)
ਪੁੱਤਰ ਸ਼੍ਰੀ ਨਿਧਾਨ ਸਿੰਘ ਰੰਧਾਵਾ,
ਪਿੰਡ ਤੇ ਡਾਕਖਾਨਾ ਨਿਊ ਸੂੱਲਰ,
105 ਐਨ.ਆਈ.ਐਸ. ਪਟਿਆਲਾ ਦੇ ਪਿੱਛੇ।
ਤਹਿਸੀਲ ਤੇ ਜ਼ਿਲ੍ਹਾ, ਪਟਿਆਲਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਤਹਿਸੀਲਦਾਰ ਪਟਿਆਲਾ।

ਪਹਿਲੀ ਅਪੀਲੀ ਅਥਾਰਟੀ
ਦਫਤਰ ਡਿਪਟੀ ਕਮਿਸ਼ਨਰ ਪਟਿਆਲਾ। -------ਉੱਤਰਦਾਤਾ

**ਅਪੀਲ ਕੇਸ ਨੰ: 153 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 15-05-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਤਹਿਸੀਲਦਾਰ ਪਟਿਆਲਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਸ਼੍ਰੀ ਮਨਿੰਦਰਪਾਲ ਸਿੰਘ ਪੁੱਤਰ ਸ਼੍ਰੀ ਨਿਧਾਨ ਸਿੰਘ ਦੇ ਨਾਂ ਤੇ ਹੋਈ ਰਜਿਸਟਰੀ ਨਾਲ ਸਬੰਧਤ ਵਸੀਕਾ ਨੰ:3957, ਮਿਤੀ 03/07/08 ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 16-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 18-12-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 09-02-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 12-03-2019 ਨੂੰ ਸਵੇਰੇ 11-00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ,ਮਿਤੀ 03-07-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪੁਸ਼ਪ ਰਾਜ ਗੋਇਲ, ਤਹਿਸੀਲਦਾਰ ਨੇ ਕਿਹਾ ਸੀ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ, ਮਿਤੀ 15-05-2018 ਦਾ ਜਵਾਬ ਅਪੀਲਕਰਤਾ ਨੂੰ ਮਿਤੀ 12-06-2018 ਨੂੰ ਭੇਜਿਆ ਜਾ ਚੁੱਕਾ ਹੈ। ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਫਿਰ ਵੀ ਉਸ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਗਿਆ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 17-07-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ। ਪਰੰਤੂ ਅਪੀਲਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੁੰਦਾ ਹੈ ਕਿ ਅਪੀਲਕਰਤਾ ਉਸ ਨੂੰ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 17 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਤਿੰਦਰ ਪਾਲ ਰੰਧਾਵਾ, (98559-85265)
ਪੁੱਤਰ ਸ਼੍ਰੀ ਨਿਧਾਨ ਸਿੰਘ ਰੰਧਾਵਾ,
ਪਿੰਡ ਤੇ ਡਾਕਖਾਨਾ ਨਿਊ ਸੁੱਲਰ,
105 ਐਨ.ਆਈ.ਐਸ. ਪਟਿਆਲਾ ਦੇ ਪਿੱਛੇ।
ਤਹਿਸੀਲ ਤੇ ਜ਼ਿਲ੍ਹਾ, ਪਟਿਆਲਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਤਹਿਸੀਲਦਾਰ ਪਟਿਆਲਾ।

ਪਹਿਲੀ ਅਪੀਲੀ ਅਥਾਰਟੀ
ਦਫਤਰ ਡਿਪਟੀ ਕਮਿਸ਼ਨਰ ਪਟਿਆਲਾ। -------ਉੱਤਰਦਾਤਾ

**ਅਪੀਲ ਕੇਸ ਨੰ: 154/2019**

ਹਾਜ਼ਰ:-

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

ਹੁਕਮ:

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 11-04-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਤਹਿਸੀਲਦਾਰ ਪਟਿਆਲਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਸ਼੍ਰੀ ਮਨਿੰਦਰਪਾਲ ਸਿੰਘ ਪੁੱਤਰ ਸ਼੍ਰੀ ਨਿਧਾਨ ਸਿੰਘ ਦੇ ਨਾਂ ਤੇ ਹੋਈ ਮਿਤੀ 13/03/2015 ਵਸੀਕਾ ਨੰ:9922, ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 12-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 18-12-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 08-02-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 12-03-2019 ਨੂੰ ਸਵੇਰੇ 11-00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 03-07-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪੁਸ਼ਪ ਰਾਜ ਗੋਇਲ, ਤਹਿਸੀਲਦਾਰ ਨੇ ਕਿਹਾ ਸੀ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ, ਕਾਰਵਾਈ ਅਧੀਨ ਹੈ। ਇਸ ਸਬੰਧੀ ਸਬ ਰਜਿਸਟਰਾਰ, ਪਟਿਆਲਾ ਦੇ ਦਫ਼ਤਰ ਵੱਲੋਂ ਈ. ਮੇਲ, ਮਿਤੀ 03-07-2019 ਰਾਹੀਂ ਭੇਜੇ ਗਏ ਪੱਤਰ ਨੰ:45/ਆਰ.ਸੀ., ਮਿਤੀ 03-07-2019 ਦੁਆਰਾ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਸੀ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:25/ਆਰ.ਸੀ., ਮਿਤੀ 25-04-2018 ਅਤੇ ਤਹਿਸੀਲਦਾਰ ਪਟਿਆਲਾ ਦੇ ਪੱਤਰ ਨੰ:5536/ਸੂਚਨਾ ਕਲਰਕ, ਮਿਤੀ 17-05-2018 ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਇਹ ਵੀ ਲਿਖਿਆ ਹੋਇਆ ਸੀ ਕਿ ਜੇਕਰ ਉਸ ਨੂੰ ਹੋਰ ਦਸਤਾਵੇਜ਼ਾਂ ਦੀ ਜ਼ਰੂਰਤ ਹੋਵੇ ਤਾਂ ਉਹ ਕਿਸੇ ਕੰਮ ਵਾਲੇ ਦਿਨ ਉਨ੍ਹਾਂ ਦੇ ਦਫ਼ਤਰ ਜਾ ਕੇ ਸਬੰਧਤ ਰਿਕਾਰਡ ਦੀ ਇੰਸਪੈਕਸ਼ਨ ਕਰਕੇ ਲੋੜੀਂਦੇ ਡਾਕੂਮੈਂਟ ਦੀ ਕਾਪੀ ਪ੍ਰਾਪਤ ਕਰ ਸਕਦਾ ਹੈ। ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਫਿਰ ਵੀ ਉਸ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਗਿਆ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 17-07-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ। ਪਰੰਤੂ ਅਪੀਲਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੁੰਦਾ ਹੈ ਕਿ ਅਪੀਲਕਰਤਾ ਉਸ ਨੂੰ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 17 ਜੁਲਾਈ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਸੁਖਜੀਤ ਕੌਰ,
#3351/1, ਸੈਕਟਰ 45-ਡੀ,
ਚੰਡੀਗੜ੍ਹ।  --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਪੰਜਾਬ ਸਮਾਲ ਇੰਡਸਟਰੀਜ਼ ਐਂਡ
ਐਕਸਪੋਰਟ ਕਾਰਪੋਰੇਸ਼ਨ, ਲਿਮਟਿਡ,
ਸੈਕਟਰ-17 ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਮੈਨੇਜਿੰਗ ਡਾਇਰੈਕਟਰ,
ਪੰਜਾਬ ਸਮਾਲ ਇੰਡਸਟਰੀਜ਼ ਐਂਡ
ਐਕਸਪੋਰਟ ਕਾਰਪੋਰੇਸ਼ਨ, ਲਿਮਟਿਡ,
ਸੈਕਟਰ-17 ਚੰਡੀਗੜ੍ਹ।  ---------ਉੱਤਰਦਾਤਾ

ਅਪੀਲ ਕੇਸ ਨੰ:2301 /2019

**ਹਾਜ਼ਰ:-**

1) ਸ਼੍ਰੀਮਤੀ ਸੁਖਜੀਤ ਕੌਰ, ਅਪੀਲਕਰਤਾ ।
2) ਉੱਤਰਦਾਤਾ ਵੱਲੋਂ ਸ਼੍ਰੀ ਜ਼ਸਵੰਤ ਸਿੰਘ, ਸੀਨੀਅਰ ਐਗਜ਼ੈਕਟਿਵ (98726-15390) ਅਤੇ ਸ਼੍ਰੀ ਕੇਵਲ ਕ੍ਰਿਸ਼ਨ, ਸੀਨੀਅਰ ਸਹਾਇਕ (98721-59314)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 07-05-2018, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬ ਸਮਾਲ ਇੰਡਸਟਰੀਜ਼ ਐਂਡ ਐਕਸਪੋਰਟ ਕਾਰਪੋਰੇਸ਼ਨ, ਲਿਮਟਿਡ, ਸੈਕਟਰ-17 ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਇੰਡਸਟਰੀ ਪਾਲਿਸੀ 2004 ਅਤੇ 2019 ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 12-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 03-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 08-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 17-07-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਜ਼ਸਵੰਤ ਸਿੰਘ, ਸੀਨੀਅਰ ਐਗਜ਼ੈਕਟਿਵ ਨੇ ਪੱਤਰ ਨੰ:ਪਲਉਨਿਨਿ/ਏ.ਪੀ.ਆਈ.ਓ./ਅਪੀਲ ਕੇਸ/15049, ਮਿਤੀ 16-07-2019 ਜਿਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਵੀ ਭੇਜੀ ਹੋਈ ਹੈ, ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਕਿਹਾ ਕਿ ਉਹ ਉੱਤਰਦਾਤਾ ਵੱਲੋਂ ਭੇਜੀ ਗਈ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ। ਇਸ ਲਈ ਉਸ ਨੇ ਮੁਕੰਮਲ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਹਾਜ਼ਰ ਉੱਤਰਦਾਤਾ ਨੇ ਕਿਹਾ ਕਿ ਅਪੀਲਕਰਤਾ ਉਨ੍ਹਾਂ ਦਾ ਸਬੰਧਤ ਦਫ਼ਤਰੀ ਰਿਕਾਰਡ ਚੈੱਕ ਕਰਕੇ ਉਪਲਬਧ ਸੂਚਨਾ ਪ੍ਰਾਪਤ ਕਰ ਸਕਦੀ ਹੈ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 24-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ:** ਚੰਡੀਗੜ੍ਹ, 17 ਜੁਲਾਈ, 2019.  **ਰਾਜ ਸੂਚਨਾ ਕਮਿਸ਼ਨਰ, ਪੰਜਾਬ।**